# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :21-07-2026**

ਰਾਸ਼ਟਰੀ ਲੋਕਤੰਤਰੀ ਗੱਠਜੋੜ-NDA ਨੇ ਅੱਜ ਸੰਸਦ ਭਵਨ ਦੇ ਜੀ.ਐਮ.ਸੀ ਬਾਲਯੋਗੀ ਆਡੀਟੋਰੀਅਮ ਵਿਖੇ ਆਪਣੀ ਸੰਸਦੀ ਪਾਰਟੀ ਦੀ ਮੀਟਿੰਗ ਕੀਤੀ। ਇਸਨੂੰ ਹੁਣ "ਮੰਗਲ ਮਿਲਨ" ਵਜੋਂ ਜਾਣਿਆ ਜਾਂਦਾ ਏ । ਮੀਟਿੰਗ ਦੌਰਾਨ, ਐਨਡੀਏ ਦੇ ਸਹਿਯੋਗੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਭਾਰਤ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਚੁਣੇ ਗਏ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੰਦੇ ਹੋਏ ਇੱਕ ਮਤਾ ਪਾਸ ਕੀਤਾ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸੰਸਦੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਮੀਟਿੰਗ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਵਿੱਚ ਭਵਿੱਖ ਦੀਆਂ ਪ੍ਰੀਖਿਆਵਾਂ ਵਿੱਚ ਪੇਪਰ ਲੀਕ ਨੂੰ ਰੋਕਣ ਲਈ ਸਾਰੇ ਹਿੱਸੇਦਾਰਾਂ ਤੋਂ ਠੋਸ ਉਪਰਾਲਿਆਂ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੀ ਮੋਦੀ ਨੇ ਪ੍ਰੀਖਿਆ ਪੇਪਰ ਲੀਕ ਵਿੱਚ ਸ਼ਾਮਲ ਲੋਕਾਂ ਖਿਲਾਫ ਸਖ਼ਤ ਕਾਰਵਾਈ ਕਰਨ ਅਤੇ ਦੇਸ਼ ਦੇ ਨੌਜਵਾਨਾਂ ਦੇ ਹਿੱਤਾਂ ਦੀ ਰੱਖਿਆ ਕਰਨ ਦੇ ਸਰਕਾਰ ਦੇ ਸੰਕਲਪ ਨੂੰ ਦੁਹਰਾਇਆ।

BYTE

---------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ ਨੂਰਪੁਰ ਬੇਦੀ ਬਲਾਕ ਦੇ ਪਿੰਡਾਂ ਵਿੱਚ ਸਿੰਚਾਈ ਲਈ ਪਾਣੀ ਮੁਹੱਇਆ ਕਰਵਾਉਣ ਦੀ ਯੋਜਨਾ ਦੀ ਸ਼ੁਰੂਆਤ ਪਿੰਡ ਛੱਜਾ ਤੋਂ ਕੀਤੀ। ਇਸ ਸਿੰਚਾਈ ਯੋਜਨਾ ਉੱਤੇ 650 ਕਰੋੜ ਰੁਪਏ ਦੀ ਲਾਗਤ ਆਵੇਗੀ । ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਨੂਰਪੁਰਬੇਦੀ ਇਲਾਕੇ ਦੇ ਪਿੰਡ ਹੁਣ ਤੱਕ ਖੇਤੀਬਾੜੀ ਲਈ ਸਿੰਚਾਈ ਲਈ ਪਾਣੀ ਦੀਆਂ ਸਹੂਲਤਾਂ ਤੋਂ ਵਾਂਝੇ ਰਹੇ । ਇਸ ਸਮੱਸਿਆ ਦੇ ਹੱਲ ਲਈ ਚਾਰ ਸੰਭਾਵਿਤ ਵਿਕਲਪਾਂ ਦਾ ਅਧਿਐਨ ਕੀਤਾ ਗਿਆ । ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਤਹਿਤ 8 ਤੋਂ 14 ਪਿੰਡਾਂ ਦੇ ਸਮੂਹ ਬਣਾਕੇ ਛੋਟੀਆਂ-ਛੋਟੀਆਂ ਲਿਫਟ ਸਿੰਚਾਈ ਯੋਜਨਾਵਾਂ ਵਿਕਸਤ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਕਿਸਾਨਾਂ ਦੀ ਲੋੜ ਅਨੁਸਾਰ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਸਕੇ। ਇਸ ਦੇ ਨਾਲ ਹੀ ਚੋਆਂ ਅਤੇ ਨਦੀਆਂ 'ਤੇ ਬੰਨ੍ਹ ਬਣਾ ਕੇ ਮੀਂਹ ਦੇ ਪਾਣੀ ਨੂੰ ਭੰਡਾਰ ਕਰਨ ਅਤੇ ਖੇਤਾਂ ਤੱਕ ਪਾਣੀ ਪਹੁੰਚਾਉਣ ਦੀ ਯੋਜਨਾ ਵੀ ਤਿਆਰ ਕੀਤੀ ਗਈ ਏ । 102 ਪਿੰਡਾਂ ਨੂੰ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਤਲੁਜ ਦਰਿਆ ਆਧਾਰਿਤ ਲਿਫਟ ਸਿੰਚਾਈ ਯੋਜਨਾਵਾਂ ਅਤੇ ਸਵਾਂ ਨਦੀ ਉੱਤੇ ਬਣਾਏ ਜਾਣ ਵਾਲੇ ਬੰਨ੍ਹ ਨੂੰ ਇਕੱਠੇ ਲਾਗੂ ਕਰਨਾ ਸਭ ਤੋਂ ਉਚਿਤ ਰਹੇਗਾ।

---

ਇਨਫੋਰਸਮੈਂਟ ਡਾਇਰੈਕਟੋਰੇਟ ਦੀ ਜਲੰਧਰ ਜ਼ੋਨਲ ਇਕਾਈ ਨੇ ਪਠਾਨਕੋਟ ਦੇ ਪਿੰਡ ਭਟੀਆਂ ਵਿੱਚ ਹੋਏ ਕਰੋੜਾਂ ਰੁਪਏ ਦੀ ਪੰਚਾਇਤੀ ਜ਼ਮੀਨ ਘੁਟਾਲੇ ਅਤੇ ਗੈਰ-ਕਾਨੂੰਨੀ ਰੇਤ ਮਾਈਨਿੰਗ ਮਾਮਲੇ ਵਿੱਚ ਕਾਰਵਾਈ ਕਰਦਿਆਂ ਬੀਤੇ ਦਿਨੀ 16 ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰਕੇ 1 ਕਰੋੜ 75 ਲੱਖ ਦੀ ਨਕਦੀ ਅਤੇ 91 ਲੱਖ 34 ਹਜ਼ਾਰ ਰੁਪਏ ਦੇ ਬੈਂਕ ਬੈਲੇਂਸ ਜ਼ਬਤ ਕੀਤੇ ਨੇ । ਜਾਂਚ ਵਿੱਚ ਖੁਲਾਸਾ ਹੋਇਆ ਕਿ ਇਸ ਪੂਰੇ ਘੁਟਾਲੇ ਦਾ ਮਾਸਟਰਮਾਈਂਡ ਉਸ ਸਮੇਂ ਦਾ ਵਧੀਕ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਸੀ । ਜ਼ਿਕਰਯੋਗ ਏ ਕਿ ਕੁਲਦੀਪ ਸਿੰਘ ਨੂੰ ਉਸਦੀ ਸੇਵਾਮੁਕਤੀ ਤੋਂ ਸਿਰਫ਼ ਚਾਰ ਦਿਨ ਪਹਿਲਾਂ ਇੱਕ ਰਾਜ ਮੰਤਰੀ ਦੀ ਸਿਫ਼ਾਰਸ਼ 'ਤੇ ਪੇਂਡੂ ਵਿਕਾਸ ਬਾਰੇ ਏਡੀਸੀ ਨਿਯੁਕਤ ਕੀਤਾ ਗਿਆ ਸੀ। ਇਸੇ ਦੌਰਾਨ ਉਸਨੇ ਪਿੰਡ ਵਿੱਚ ਸਰਕਾਰੀ ਜ਼ਮੀਨ ਨਿੱਜੀ ਵਿਅਕਤੀਆਂ ਨੂੰ ਤਬਦੀਲ ਕਰਨ ਦਾ ਇੱਕ ਵਿਵਾਦਪੂਰਨ ਹੁਕਮ ਪਾਸ ਕੀਤਾ। ਸੂਤਰਾਂ ਮੁਤਾਬਿਕ ਸਰਕਾਰੀ ਇਜਾਜ਼ਤ ਤੋਂ ਬਿਨਾਂ ਗੈਰ-ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਸੀ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਕਾਫ਼ੀ ਨੁਕਸਾਨ ਹੋ ਰਿਹਾ ਸੀ। ਸੰਬਧਤ ਫਰਮਾਂ ਦੀ ਜਾਂਚ ਵੀ ਚੱਲ ਰਹੀ ਏ ।

ਜ਼ਿਕਰਯੋਗ ਏ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇਸ ਮਾਮਲੇ ਵਿੱਚ ਸਖ਼ਤ ਟਿੱਪਣੀਆਂ ਜਾਰੀ ਕੀਤੀਆਂ ਨੇ ਜਿਸ ਵਿੱਚ ਕਿਹਾ ਗਿਆ ਏ ਕਿ ਸਰਹੱਦੀ ਖੇਤਰਾਂ ਵਿੱਚ ਗੈਰ-ਕਾਨੂੰਨੀ ਮਾਈਨਿੰਗ ਆਈ.ਐਸ.ਆਈ

ਵਲੋਂ ਸੰਚਾਲਿਤ ਨਸ਼ਾ ਤਸਕਰਾਂ, ਦਹਿਸ਼ਤਗਰਦਾਂ ਅਤੇ ਦੇਸ਼ ਵਿਰੋਧੀ ਤੱਤਾਂ ਦਾ ਸਮਰਥਨ ਕਰਦੀ ਏ। ਅਦਾਲਤ ਨੇ ਸਰਕਾਰ ਨੂੰ, ਇਸਨੂੰ ਰੋਕਣ ਦੇ ਨਿਰਦੇਸ਼ ਦਿੱਤੇ ਹੋਏ ਨੇ ।

---------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਨਸ਼ਾ ਤਸਕਰਾਂ, ਗੈਂਗਸਟਰਾਂ ਅਤੇ ਸਰਹੱਦ ਪਾਰ ਤੋਂ ਚੱਲ ਰਹੇ ਗੈਰ-ਕਾਨੂੰਨੀ ਨੈੱਟਵਰਕਾਂ ਖ਼ਿਲਾਫ਼ 'ਆਪਰੇਸ਼ਨ ਪ੍ਰਹਾਰ' ਤਹਿਤ ਜ਼ਿਲ੍ਹੇ ਵਿੱਚ ਇੱਕੋ ਸਮੇਂ ਛਾਪੇਮਾਰੀ ਕਰਕੇ ਹੁਣ ਤੱਕ ਕਰੀਬ 40 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ।

ਅੰਮ੍ਰਿਤਸਰ ਬਾਰਡਰ ਰੇਂਜ ਦੇ ਡੀ.ਆਈ.ਜੀ ਹਰਮਨ-ਬੀਰ ਸਿੰਘ ਗਿੱਲ ਨੇ ਦੱਸਿਆ ਕਿ ਪੁਲਿਸ ਦੀਆਂ ਟੀਮਾਂ ਸਵੇਰ ਤੋਂ ਹੀ ਜ਼ਿਲ੍ਹੇ ਦੇ ਕਈ ਇਲਾਕਿਆਂ ਵਿੱਚ ਇੱਕੋ ਸਮੇਂ ਸਰਚ ਆਪਰੇਸ਼ਨ ਚਲਾ ਰਹੀਆਂ ਨੇ । ਕਾਰਵਾਈ ਦੌਰਾਨ ਇੱਕ ਵੱਡੇ ਨਸ਼ਾ ਤਸਕਰ ਸੁਖਦੇਵ ਸਿੰਘ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ। ਵੇਰਵੇ ਸਾਂਝੇ ਕਰਦਿਆਂ

ਡੀ.ਆਈ.ਜੀ ਨੇ ਦਸਿਆ।

BYTE

ਹੋਰ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਏ ਅਤੇ ਨਸ਼ਾ ਤਸਕਰੀ ਨਾਲ ਜੁੜੇ ਹੋਰ ਨੈੱਟਵਰਕਾਂ ਦੀ ਵੀ ਜਾਂਚ ਕੀਤੀ ਜਾ ਰਹੀ ਏ।

---------------------------------------------------

ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ   ਸਰਕਾਰ ਸੂਬੇ ਵਿੱਚ ਰੋਜ਼ਗਾਰ ਅਤੇ ਨੌਕਰੀਆਂ ਦਾ ਇੱਕ ਬਹਿਤਰੀਨ ਅਤੇ ਪ੍ਰਗਤੀਸ਼ੀਲ ਮਾਹੌਲ ਸਿਰਜਣ ਲਈ ਲਗਾਤਾਰ ਯਤਨਸ਼ੀਲ ਏ । ਕੱਲ ਸੁਨਾਮ ਵਿਖੇ ਲਾਏ 'ਮੈਗਾ ਰੋਜ਼ਗਾਰ ਮੇਲੇ' ਦੌਰਾਨ ਉਨ੍ਹਾਂ ਦੱਸਿਆ ਕਿ ਸੰਗਰੂਰ, ਮਲੇਰਕੋਟਲਾ ਅਤੇ ਬਰਨਾਲਾ ਜ਼ਿਲ੍ਹਿਆਂ ਦੇ ਕਲੱਸਟਰ ਦਾ ਇਹ ਪਹਿਲਾ ਰੁਜ਼ਗਾਰ ਮੇਲਾ ਉਨ੍ਹਾਂ ਦੇ ਦੋਵਾਂ ਵਿਭਾਗਾਂ ਉਦਯੋਗ ਵਿਭਾਗ ਅਤੇ ਰੋਜ਼ਗਾਰ ਉਤਪੱਤੀ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਲਾਇਆ ਗਿਆ। ਇਸ ਵਿੱਚ 18 ਸਾਲ ਤੋਂ 50 ਸਾਲ ਤੱਕ ਦੇ ਉਮੀਦਵਾਰਾਂ ਨੇ ਹਿਸਾ ਲਿਆ ਅਤੇ  ਯੋਗਤਾ ਤੇ ਤਜਰਬੇ ਦੇ ਅਨੁਸਾਰ 12 ਹਜ਼ਾਰ ਤੋਂ ਲੈ ਕੇ 42 ਹਜ਼ਾਰ  ਰੁਪਏ ਪ੍ਰਤੀ ਮਹੀਨਾ ਤਕ ਦੀ ਤਨਖਾਹ ਵਾਲੀਆਂ ਨੌਕਰੀਆਂ ਹਾਸਲ ਕੀਤੀਆਂ ਨੇ । ਇਸ ਰੁਜ਼ਗਾਰ ਮੇਲੇ ਵਿੱਚ ਦੇਸ਼ ਅਤੇ ਸੂਬੇ ਦੀਆਂ 61 ਵੱਡੀਆਂ ਅਤੇ ਨਾਮੀ ਕੰਪਨੀਆਂ ਨੇ ਸ਼ਿਰਕਤ ਕੀਤੀ ਅਤੇ 2129 ਨੌਜਵਾਨਾਂ ਨੇ ਰੋਜ਼ਗਾਰ ਮੇਲੇ ਵਿੱਚ ਹਿੱਸਾ ਲਿਆ। ਮੇਲੇ ਵਿੱਚ 562 ਨੌਜਵਾਨਾਂ ਦੀ ਨੌਕਰੀਆਂ ਲਈ ਚੋਣ ਹੋਈ ਅਤੇ ਵੱਖ-ਵੱਖ ਕੰਪਨੀਆਂ ਨੇ 618 ਨੌਜਵਾਨਾਂ ਨੂੰ ਨੌਕਰੀਆਂ ਲਈ ਸ਼ਾਰਟਰਿਸਟ ਕੀਤਾ।

---------------------------------------------------

ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ, ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ। ਜਲੰਧਰ ਸਮੇਤ ਕਈ

ਜ਼ਿਲਿਆਂ ਵਿਚ ਸਵੇਰ ਤੋਂ ਬੱਦਲਵਾਈ ਬਣੀ ਹੋਈ ਏ ਮੌਸਮ ਵਿਭਾਗ ਨੇ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਦੇ ਕੁਝ ਹਿੱਸਿਆਂ ਵਿੱਚ, ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।

-----------------------------------------------------